# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 23-09-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਨਿਊਯਾਰਕ ਵਿਖੇ ਅਮਰੀਕਾ ਦੀਆਂ ਵੱਡੀਆਂ ਤਕਨਾਲੋਜੀ ਕੰਪਨੀਆਂ ਦੇ ਮੁਖ ਕਾਰਜਕਾਰੀ ਅਧਿਕਾਰੀਆਂ ਨਾਲ ਗੋਲਮੇਜ਼ ਮੀਟਿੰਗ ਕਰਦਿਆਂ ਵੱਖ-ਵੱਖ ਖੇਤਰਾਂ ਵਿੱਚ ਸਹਿਯੋਗ ਵਧਾਉਣ ਦੀ ਅਪੀਲ ਕੀਤੀ।
- ਪੰਜਾਬ ਮੰਤਰੀ ਮੰਡਲ ਦਾ ਵਿਸਥਾਰ ਕਰਦਿਆਂ ਪੰਜ ਵਿਧਾਇਕਾਂ ਅਤੇ ਕੈਬਨਿਟ ਮੰਤਰੀਆਂ ਨੂੰ ਅਹੁਦੇ ਅਤੇ ਭੇਦ ਗੁਪਤ ਰੱਖਣ ਦੀ ਸਹੁੰ ਚੁਕਾਈ ।
- ਕੇਂਦਰੀ ਯੁਵਾ ਮਾਮਲੇ ਅਤੇ ਖੇਡ ਮੰਤਰਾਲੇ ਦੇ ਸਕੱਤਰ ਮੀਤਾ ਰਾਜੀਵ-ਲੋਚਨ ਨੇ, ਮੋਹਾਲੀ ਵਿਖੇ "ਸਵੱਛਤਾ ਹੀ ਸੇਵਾ ਮੁਹਿੰਮ ਦੀ ਅਗਵਾਈ ਕੀਤੀ ।

- ਆਯੁਸ਼ਮਾਨ ਭਾਰਤ - ਪ੍ਰਧਾਨ ਮੰਤਰੀ ਜਨ ਅਰੋਗਿਆ ਯੋਜਨਾ ਨੇ ਅੱਜ 6 ਸਾਲ ਪੂਰੇ ਕੀਤੇ ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ, 30 ਹੋਰ ਆਮ ਆਦਮੀ ਕਲੀਨਿਕ ਲੋਕਾਂ ਨੂੰ ਸਮਰਪਿਤ ਕੀਤੇ।

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ 21ਵੀਂ ਸਦੀ ਤਕਨਾਲੋਜੀ ਦੀ ਸਦੀ ਏ । ਉਨ੍ਹਾਂ ਕਿਹਾ ਕਿ ਤਕਨਾਲੋਜੀ ਅਤੇ ਲੋਕਤੰਤਰ ਵਿੱਚ ਸੰਤੁਲਨ ਰੱਖਣਾ ਸਮੇਂ ਦੀ ਲੋੜ ਏ । ਪ੍ਰਧਾਨ ਮੰਤਰੀ ਨੇ ਇਹ ਗੱਲ ਨਿਊਯਾਰਕ ਵਿੱਚ MIT, ਸਕੂਲ ਆਫ਼ ਇੰਜੀਨੀਅਰਿੰਗ ਵਲੋਂ ਕਾਰਵਾਈ ਪ੍ਰਮੁੱਖ ਤਕਨਾਲੋਜੀ ਕੰਪਨੀਆਂ ਦੇ ਕਾਰਜਕਾਰੀ ਅਧਿਕਾਰੀਆ ਨਾਲ ਇੱਕ ਗੋਲਮੇਜ਼ ਮੀਟਿੰਗ ਵਿੱਚ ਕਹੀ । ਉਨ੍ਹਾਂ ਕਿਹਾ ਕਿ ਤਕਨਾਲੋਜੀ ਤੋਂ ਬਿਨਾਂ ਲੋਕਤੰਤਰ ਸੰਕਟ ਦਾ ਮਾਹੌਲ ਪੈਦਾ ਕਰਦਾ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ ਪ੍ਰਤਿਭਾ, ਲੋਕਤੰਤਰ ਅਤੇ ਬਾਜ਼ਾਰ ਦਾ ਦੇਸ਼ ਏ।

**BYTE:**

ਉਨ੍ਹਾਂ ਭਰੋਸਾ ਪ੍ਰਗਟਾਇਆ ਕਿ ਭਾਰਤ ਅਤੇ ਅਮਰੀਕਾ ਦੀਆਂ ਤਕਨਾਲੋਜੀ ਕੰਪਨੀਆਂ ਮਿਲ ਕੇ ਆਲਮੀ ਚੁਣੌਤੀਆਂ ਨਾਲ ਨਜਿੱਠਣ ਵਿੱਚ ਅਹਿਮ ਭੂਮਿਕਾ ਨਿਭਾਉਣਗੀਆਂ। ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ ਸਰਕਾਰ ਨੇ ਸੈਮੀ-ਕੰਡਕਟਰ ਉਦਯੋਗ ਵਿੱਚ 15 ਬਿਲੀਅਨ ਡਾਲਰ ਦਾ ਨਿਵੇਸ਼ ਕੀਤਾ ਏ। ਭਾਰਤ ਨੂੰ ਇਸ ਖੇਤਰ ਵਿੱਚ ਦੁਨੀਆ ਤੋਂ ਭਾਰੀ ਨਿਵੇਸ਼ ਵੀ ਮਿਲ ਰਿਹਾ ਏ।

**BYTE:**

ਇਸ ਮੌਕੇ ਅਡੋਬ ਦੇ ਚੇਅਰਮੈਨ ਅਤੇ ਮੁਖ ਕਾਰਜਕਾਰੀ ਅਧਿਕਾਰੀ ਸ਼ਾਂਤਨੂ ਨਾਰਾਇਣ, ਅਤੇ ਗੂਗਲ ਦੇ ਮੁਖ ਕਾਰਜਕਾਰੀ ਅਧਿਕਾਰੀ ਸੁੰਦਰ ਪਿਚਾਈ, ਸਮੇਤ ਹੋਰ ਆਗੂ ਵੀ ਸ਼ਾਮਿਲ ਰਹੇ।

-----------------------------------------------------------

ਸਰਵਉੱਚ ਅਦਾਲਤ ਨੇ ਕਿਹਾ ਏ ਕਿ ਬੱਚਿਆਂ ਨਾਲ ਸਬੰਧਤ ਅਸ਼ਲੀਲ ਵੀਡੀਓ ਦੇਖਣਾ, ਪੋਕਸੋ ਐਕਟ ਦੀ ਉਲੰਘਣਾ ਏ। ਸਰਵਉੱਚ ਅਦਾਲਤ ਨੇ ਦੇਸ਼ ਭਰ ਦੀਆਂ ਸਾਰੀਆਂ ਅਦਾਲਤਾਂ ਨੂੰ ਕਿਹਾ ਏ ਕਿ ਉਹ ਕਿਸੇ ਵੀ ਅਦਾਲਤੀ ਹੁਕਮ ਜਾਂ ਫੈਸਲੇ ਵਿੱਚ 'ਚਾਈਲਡ ਪੋਰਨੋਗ੍ਰਾਫੀ' ਸ਼ਬਦ ਦੀ

ਵਰਤੋਂ ਨਾ ਕਰਨ। ਸੁਪਰੀਮ ਕੋਰਟ ਨੇ ਮਦਰਾਸ ਹਾਈ ਕੋਰਟ ਦੇ ਫੈਸਲੇ ਨੂੰ ਰੱਦ ਕਰਦੇ ਹੋਏ, ਅੱਜ ਇਹ ਨਿਰਦੇਸ਼ ਦਿੱਤਾ। ਮਦਰਾਸ ਹਾਈ ਕੋਰਟ ਦੇ ਫੈਸਲੇ ਵਿੱਚ ਕਿਹਾ ਗਿਆ ਸੀ ਕਿ ਬੱਚਿਆਂ ਨਾਲ ਸਬੰਧਤ ਅਸ਼ਲੀਲ ਵੀਡੀਓ ਦੇਖਣਾ ਪੋਕਸੋ ਐਕਟ ਦੇ ਦਾਇਰੇ ਵਿੱਚ ਨਹੀਂ ਆਵੇਗਾ। ਜਸਟਿਸ ਜੇ.ਬੀ. ਪਾਰਦੀਵਾਲਾ ਦੇ ਫੈਸਲੇ ਵਿਚ ਸੁਝਾਅ ਦਿੱਤਾ ਗਿਆ ਏ ਕਿ ਅਦਾਲਤਾਂ ਚਾਈਲਡ ਪੋਰਨੋਗ੍ਰਾਫੀ ਦੀ ਬਜਾਏ, ਬਾਲ ਜਿਨਸੀ ਸ਼ੋਸ਼ਣ ਅਤੇ ਦੁਰ-ਵਿਵਹਾਰ ਸਮੱਗਰੀ - CSEAM - ਸ਼ਬਦ ਦੀ ਵਰਤੋਂ ਕਰਨ। ਸਿਖਰਲੀ ਅਦਾਲਤ ਨੇ ਇਹ ਵੀ ਕਿਹਾ ਕਿ ਸੰਸਦ ਨੂੰ ਵਿਕਲਪਕ ਸ਼ਬਦਾਂ 'ਤੇ ਗੰਭੀਰਤਾ ਨਾਲ ਵਿਚਾਰ ਕਰਨਾ ਚਾਹੀਦਾ ਏ ।

---------------------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਅੱਜ ਚੰਡੀਗੜ੍ਹ ਦੇ ਰਾਜ ਭਵਨ ਵਿੱਚ ਕਰਵਾਏ ਇੱਕ ਪ੍ਰੋਗਰਾਮ ਦੌਰਾਨ ਸੂਬੇ ਦੇ ਪੰਜ ਵਿਧਾਇਕਾਂ ਅਤੇ ਕੈਬਨਿਟ ਮੰਤਰੀਆਂ ਨੂੰ ਅਹੁਦੇ ਅਤੇ ਭੇਦ ਗੁਪਤ ਰੱਖਣ ਦੀ ਸਹੁੰ ਚੁਕਾਈ। ਅਹੁਦਿਆਂ ਦੇ ਵਿਸਤਾਰ ਨਾਲ ਸੂਬੇ 'ਚ ਮੁੱਖ ਮੰਤਰੀ ਸਮੇਤ ਮੰਤਰੀਆਂ ਦੀ ਗਿਣਤੀ 16 ਹੋ ਗਈ ਏ । ਰਾਜਪਾਲ ਨੇ ਮੁੱਖ

ਮੰਤਰੀ ਭਗਵੰਤ ਮਾਨ ਦੀ ਮੌਜੂਦਗੀ ਵਿੱਚ ਸਭ ਤੋਂ ਪਹਿਲਾਂ ਲੁਧਿਆਣਾ ਜ਼ਿਲ੍ਹੇ ਦੇ ਸਾਹਨੇਵਾਲ ਵਿਧਾਨ ਸਭਾ ਹਲਕੇ ਤੋਂ ਵਿਧਾਇਕ ਹਰਦੀਪ ਸਿੰਘ ਮੁੰਡਿਆਂ ਨੂੰ, ਕੈਬਨਿਟ ਮੰਤਰੀ ਵਜੋਂ ਸਹੁੰ ਚੁਕਾਈ । ਹਲਕਾ ਲਹਿਰਾਗਾਗਾ ਤੋਂ ਵਿਧਾਇਕ ਬਰਿੰਦਰ ਕੁਮਾਰ ਗੋਇਲ, ਖੰਨਾ ਤੋਂ ਵਿਧਾਇਕ ਤਰਨਪ੍ਰੀਤ ਸਿੰਘ ਸੌਂਧ, ਸ਼ਾਮ-ਚੁਰਾਸੀ ਤੋਂ ਵਿਧਾਇਕ ਡਾ: ਰਵਜੋਤ ਸਿੰਘ ਅਤੇ ਹਾਲ ਹੀ ਵਿੱਚ ਜਲੰਧਰ ਪੱਛਮੀ ਤੋਂ ਵਿਧਾਇਕ ਬਣੇ ਮਹਿੰਦਰ ਭਗਤ ਸੌਹ ਚੁੱਕਣ ਵਾਲਿਆਂ ਵਿਚ ਸ਼ਾਮਲ ਨੇ । ਇਸ ਤੋਂ ਪਹਿਲਾਂ ਐਤਵਾਰ ਨੂੰ ਪੰਜਾਬ ਦੇ ਚਾਰ ਮੰਤਰੀਆਂ ਨੇ ਆਪਣੇ ਅਹੁਦਿਆਂ ਤੋਂ ਅਸਤੀਫਾ ਦੇ ਦਿੱਤਾ ਸੀ, ਜਿਸ ਨੂੰ ਤੁਰੰਤ ਪ੍ਰਭਾਵ ਨਾਲ ਪ੍ਰਵਾਨ ਕਰ ਲਿਆ ਗਿਆ ਸੀ ।

---------------------------------------------------------------------

ਕੇਂਦਰੀ ਯੁਵਾ ਮਾਮਲੇ ਅਤੇ ਖੇਡ ਮੰਤਰਾਲੇ ਦੇ ਸਕੱਤਰ ਮੀਤਾ ਰਾਜੀਵਲੋਚਨ ਨੇ ਅੱਜ "ਸਵੱਛਤਾ ਹੀ ਸੇਵਾ ਮੁਹਿੰਮ ਤਹਿਤ ਮੋਹਾਲੀ ਦੇ ਖ਼ਾਲਸਾ ਕਾਲਜ ਆਫ਼ ਟੈਕਨਾਲੋਜੀ ਅਤੇ ਬਿਜ਼ਨਸ ਸਟੱਡੀਜ਼ ਦਾ ਦੌਰਾ ਕੀਤਾ । ਉਨ੍ਹਾਂ ਕਾਲਜ ਕੈਂਪਸ ਵਿੱਚ 'ਏਕ ਪੇੜ ਮਾਂ ਕੇ ਨਾਮ' ਥੀਮ ਦੇ

ਤਹਿਤ ਰੁੱਖ ਲਗਾਉਣ ਦੀ ਮੁਹਿੰਮ ਅਤੇ ਸਵੱਛਤਾ ਰੈਲੀ ਦੀ ਅਗਵਾਈ ਕਰਦਿਆਂ ਬੂਟੇ ਲਗਾਏ । ਉਨ੍ਹਾਂ ਦੇ ਨਾਲ ਨਹਿਰੂ ਯੁਵਾ ਕੇਂਦਰ ਸੰਗਠਨ ਦੇ ਸੂਬਾ ਡਾਇਰੈਕਟਰ ਪਰਮਜੀਤ ਸਿੰਘ, ਵੀ ਮੌਜੂਦ ਸਨ। ਉਨ੍ਹਾਂ ਨੇ ਸਾਲ ਵਿੱਚ 100 ਘੰਟੇ ਅਤੇ ਹਫ਼ਤੇ ਵਿੱਚ ਦੋ ਘੰਟੇ ਸਵੱਛਤਾ ਦੀ ਸਹੁੰ ਵੀ ਚੁਕਾਈ । ਸਕੱਤਰ ਨੇ  ਦੱਸਿਆ ਕਿ ਸਵੱਛਤਾ ਹੀ ਸੇਵਾ ਦੇ ਇਸ ਉਪਰਾਲੇ ਨੂੰ ਦੋ ਹਫ਼ਤਿਆਂ ਤੱਕ ਨਹੀਂ ਰੱਖਿਆ ਜਾਣਾ ਚਾਹੀਦਾ ਸਗੋਂ 365 ਦਿਨਾਂ ਦਾ ਹੋਣਾ ਚਾਹੀਦਾ ਏ । ਉਨ੍ਹਾਂ ਪੋਰਟਲ ਦੀ ਮਹੱਤਤਾ ਬਾਰੇ ਜਾਣਕਾਰੀ  ਦੱਸਦਿਆਂ ਕਿਹਾ ।

**BYTE:**

ਉਨ੍ਹਾਂ ਸਾਰਿਆਂ ਨੂੰ ਰੁੱਖ ਲਗਾਉਣ ਦੀ ਅਪੀਲ ਵੀ ਕੀਤੀ ਅਤੇ ਭਵਿੱਖ ਦੀਆਂ ਲੋੜਾਂ ਅਤੇ ਸਾਫ਼-ਸੁਥਰੇ ਵਾਤਾਵਰਨ ਲਈ ਲੋਕਾਂ ਨੂੰ ਬੂਟੇ ਲਗਾਉਣ ਲਈ ਪ੍ਰੇਰਿਤ ਕਰਨ ਦੀ ਅਪੀਲ ਵੀ ਕੀਤੀ। ਡਾਇਰੈਕਟਰ ਪਰਮਜੀਤ ਸਿੰਘ ਨੇ ਕੀਤੀਆਂ ਗਈਆਂ ਗਤੀਵਿਧੀਆਂ ਦਾ ਵੇਰਵਾ ਦਿੱਤਾ।

------------------------------------------------------------

ਆਯੁਸ਼ਮਾਨ ਭਾਰਤ - ਪ੍ਰਧਾਨ ਮੰਤਰੀ ਜਨ ਅਰੋਗਿਆ ਯੋਜਨਾ ਨੇ

ਅੱਜ 6 ਸਾਲ ਪੂਰੇ ਕਰ ਲਏ ਨੇ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਦੇ ਦਿਨ 2018 ਵਿੱਚ ਝਾਰਖੰਡ ਦੇ ਰਾਂਚੀ ਤੋਂ ਇਸ ਯੋਜਨਾ ਦੀ ਸ਼ੁਰੂਆਤ ਕੀਤੀ ਸੀ। ਇਸ ਯੋਜਨਾ ਦਾ ਉਦੇਸ਼, 12 ਕਰੋੜ 37 ਲੱਖ ਪਰਿਵਾਰਾਂ ਦੇ ਲਗਭਗ 55 ਕਰੋੜ ਲਾਭਪਾਤਰੀਆਂ ਨੂੰ ਹਸਪਤਾਲ ਵਿੱਚ ਪ੍ਰਤੀ ਪਰਿਵਾਰ ਪੰਜ ਲੱਖ ਰੁਪਏ ਦਾ ਸਿਹਤ ਕਵਰ ਪ੍ਰਦਾਨ ਕਰਨਾ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਕੇਂਦਰੀ ਸਿਹਤ ਮੰਤਰੀ ਜੇ.ਪੀ ਨੱਡਾ ਨੇ ਕਿਹਾ, ਪਿਛਲੇ ਛੇ ਸਾਲਾਂ ਵਿੱਚ, ਇਸ ਆਸਵੰਦ ਯੋਜਨਾ ਨੇ ਲੱਖਾਂ ਜ਼ਿੰਦਗੀਆਂ ਨੂੰ ਉਮੀਦ, ਇਲਾਜ ਅਤੇ ਬਹੁਤ ਸਾਰੇ ਮਾਮਲਿਆਂ ਵਿੱਚ, ਜੀਵਨ ਬਚਾਉਣ ਵਾਲਾ ਇਲਾਜ ਪ੍ਰਦਾਨ ਕੀਤਾ ਏ। ਜੇ ਪੀ ਨੱਡਾ ਨੇ ਕਿਹਾ, ਇਹ ਸਾਰੇ ਨਾਗਰਿਕਾਂ, ਖਾਸ ਤੌਰ 'ਤੇ ਸਭ ਤੋਂ ਕਮਜ਼ੋਰ ਲੋਕਾਂ ਲਈ ਬਰਾਬਰ ਸਿਹਤ ਸੰਭਾਲ ਪਹੁੰਚ ਪ੍ਰਦਾਨ ਕਰਨ ਲਈ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦੀ ਏ।

---------------------------------------------------

ਏਧਰ ਪੰਜਾਬ ਦੇ ਵੱਖ ਵੱਖ ਜ਼ਿਲਿਆਂ ਤੋਂ ਵੀ ਆਯੁਸ਼ਮਾਨ ਭਾਰਤ -

ਪ੍ਰਧਾਨ ਮੰਤਰੀ ਜਨ ਅਰੋਗਿਆ ਯੋਜਨਾ ਦੇ ਲਾਭਪਾਤਰੀਂ ਨੇ ਇਸ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ।

---------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ 30 ਹੋਰ ਆਮ ਆਦਮੀ ਕਲੀਨਿਕ ਲੋਕਾਂ ਨੂੰ ਸਮਰਪਿਤ ਕੀਤੇ, ਜਿਸ ਨਾਲ ਕੁੱਲ 872 ਕਲੀਨਿਕ ਕਾਰਜਸ਼ੀਲ ਹੋ ਚੁੱਕੇ ਨੇ । ਮੁੱਖ ਮੰਤਰੀ ਵੱਲੋਂ ਸਮਰਪਿਤ ਕੀਤੇ ਗਏ 30 ਕਲੀਨਿਕਾਂ ਵਿੱਚੋਂ ਬਠਿੰਡਾ ਵਿੱਚ ਪੰਜ, ਹੁਸ਼ਿਆਰਪੁਰ ਵਿੱਚ ਦੋ, ਮਾਨਸਾ ਵਿੱਚ ਸੱਤ, ਮੋਗਾ ਵਿੱਚ ਤਿੰਨ, ਪਟਿਆਲਾ ਵਿੱਚ ਛੇ, ਐਸ.ਏ.ਐਸ ਨਗਰ ਮੋਹਾਲੀ ਵਿੱਚ ਪੰਜ ਅਤੇ ਸ੍ਰੀ ਮੁਕਤਸਰ ਸਾਹਿਬ ਵਿੱਚ ਦੋ ਕਲੀਨਿਕ ਸ਼ਾਮਲ ਨੇ । ਅੱਜ ਜ਼ਿਲਾ ਬਠਿੰਡਾ ਦੇ ਪਿੰਡ ਚਾਉਕੇ ਵਿਖੇ ਬੋਲਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਕਲੀਨਿਕ ਬੁਨਿਆਦੀ ਸਿਹਤ ਸੇਵਾਵਾਂ ਪ੍ਰਦਾਨ ਕਰਨ ਵਿੱਚ ਮੀਲ ਪੱਥਰ ਸਾਬਤ ਹੋ ਰਹੇ ਨੇ। ਉਨ੍ਹਾਂ ਦੱਸਿਆ ਕਿ ਇਨ੍ਹਾਂ ਕਲੀਨਿਕਾਂ ਵਿੱਚ ਕੁੱਲ 80 ਪ੍ਰਕਾਰ ਦੀਆਂ ਦਵਾਈਆਂ ਅਤੇ 38 ਟੈਸਟਾਂ ਦੀ ਸਹੂਲਤ

ਮੁਹੱਈਆ ਮੁਫ਼ਤ ਕਰਵਾਈ ਜਾ ਰਹੀ ਏ ਜਿਸ ਵਿੱਚ ਹੁਣ ਤੱਕ 2 ਕਰੋੜ 70 ਲੱਖ ਮਰੀਜ਼ ਇਲਾਜ ਲਈ ਪਹੁੰਚੇ ਨੇ ।

---------------------------------------------------------

ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਕਲੀਨਿਕਾਂ ਵਿੱਚ 72 ਲੱਖ ਤੋਂ ਵੱਧ ਜਾਂਚ ਟੈਸਟ ਮੁਫਤ ਕੀਤੇ ਗਏ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਪਹਿਲਕਦਮੀ ਨਾਲ ਮਰੀਜ਼ਾਂ ਦੀ ਲਗਭਗ 102 ਕਰੋੜ 98 ਲੱਖ ਰੁਪਏ ਦੀ ਬੱਚਤ ਹੋਈ ਏ । ਮੁੱਖ ਮੰਤਰੀ ਨੇ ਇਹ ਵੀ ਕਿਹਾ ਕਿ ਸਾਰੀਆਂ ਸੈਕੰਡਰੀ ਸਿਹਤ ਸਹੂਲਤਾਂ 'ਤੇ ਮੁਫ਼ਤ ਐਕਸ-ਰੇ ਅਤੇ ਅਲਟਰਾਸਾਊਂਡ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਨੇ । ਉਨ੍ਹਾਂ ਕਿਹਾ ਕਿ 512 ਪ੍ਰਾਈਵੇਟ ਐਕਸ-ਰੇ ਅਤੇ ਅਲਟਰਾਸਾਊਂਡ ਸੈਂਟਰਾਂ ਨੂੰ ਮਾਮੂਲੀ ਸਰਕਾਰੀ ਨਿਰਧਾਰਤ ਦਰਾਂ 'ਤੇ ਸੇਵਾਵਾਂ ਪ੍ਰਦਾਨ ਕਰਨ ਲਈ ਸੂਚੀਬੱਧ ਕੀਤਾ ਗਿਆ ਏ ਅਤੇ ਇਸ ਤੋਂ ਇਲਾਵਾ ਮੌਜੂਦਾ ਸਰਕਾਰੀ ਸਹੂਲਤਾਂ ਨੂੰ ਮਜ਼ਬੂਤ ਕੀਤਾ ਜਾ ਰਿਹਾ ਏ । ਭਗਵੰਤ ਸਿੰਘ ਮਾਨ ਨੇ ਦੱਸਿਆ ਕਿ ਵੱਡੀ ਗਿਣਤੀ ਵਿਚ ਮਰੀਜ਼ ਇਸ ਦਾ ਲਾਭ ਲੈ ਰਹੇ ਹਨ ਕਿਉਂਕਿ ਰੋਜ਼ਾਨਾ ਕੀਤੇ ਜਾਣ ਵਾਲੇ ਅਲਟਰਾਸਾਊਂਡ ਦੀ ਗਿਣਤੀ 650 ਤੋਂ ਵਧ

ਕੇ 1350 ਹੋ ਗਈ ਏ , ਜਦਕਿ ਸੂਬੇ ਵਿੱਚ ਐਕਸ-ਰੇ ਦੀ ਗਿਣਤੀ 3,000 ਤੋਂ ਵੱਧ ਕੇ 4,200 ਹੋ ਗਈ ਏ ।

---------------------------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਨਾਲ ਸਬੰਧਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ, ਬਾਬਾ ਫਰੀਦ ਜੀ ਦਾ ਜਨਮ ਦਿਹਾੜਾ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ । ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸੁਖਬੀਰ ਸਿੰਘ ਦੇ ਜਥੇ ਨੇ ਗੁਰਬਾਣੀ ਕੀਰਤਨ ਕੀਤਾ। ਭਾਈ ਵਿਸ਼ਾਲ ਸਿੰਘ ਨੇ ਸੰਗਤਾਂ ਨੂੰ ਬਾਬਾ ਫਰੀਦ ਜੀ ਦੇ ਜੀਵਨ ਇਤਿਹਾਸ ਤੋਂ ਜਾਣੂ ਕਰਵਾਇਆ। ਉਨ੍ਹਾਂ ਕਿਹਾ ਕਿ ਬਾਬਾ ਫਰੀਦ ਜੀ ਦੀ ਬਾਣੀ ਮਨੁੱਖ ਨੂੰ ਪਰਮਾਤਮਾ ਨਾਲ ਜੁੜਨ ਦੀ ਪ੍ਰੇਰਨਾ ਦਿੰਦੀ ਏ, ਉਨ੍ਹਾਂ ਬਾਬਾ ਫਰੀਦ ਜੀ ਦੇ ਜਨਮ ਦਿਹਾੜੇ ਦੀ ਸੰਗਤ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਜੀਵਨ ਤੋਂ ਸੇਧ ਲੈ ਕੇ ਬਾਣੀ ਅਤੇ ਬਾਣੇ ਦੇ ਧਾਰਨੀ ਬਣਨ ਦੀ ਅਪੀਲ ਕੀਤੀ ।

---------------------------------------------------

ਫਰੀਦਕੋਟ ਵਿਖੇ ਮਨਾਏ ਜਾ ਰਹੇ ਬਾਬਾ ਸ਼ੇਖ ਫਰੀਦ ਜੀ ਦੇ ਆਗਮਨ ਪੁਰਬ ਮੌਕੇ ਵਿਸ਼ਾਲ ਨਗਰ ਕੀਰਤਨ ਦਾ ਆਯੋਜਨ ਕੀਤਾ ਗਿਆ। ਇਹ ਨਗਰ ਕੀਰਤਨ ਗੁਰਦੁਆਰਾ ਟਿੱਲਾ ਬਾਬਾ ਫਰੀਦ ਤੋਂ ਪੰਜ ਪਿਆਰਿਆਂ ਦੀ ਅਗਵਾਈ ਹੇਠ ਆਰੰਭ ਹੋਇਆ। ਨਗਰ ਕੀਰਤਨ ਵਿੱਚ ਫੁੱਲਾਂ ਨਾਲ ਸਜਾਈ ਹੋਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਲਕੀ 'ਤੇ ਸੰਗਤ ਨੇ ਫੁੱਲਾਂ ਦੀ ਵਰਖਾ ਕਰਕੇ ਸੀਸ ਝੁਕਾਇਆ ਅਤੇ ਸਰਬੱਤ ਦੇ ਭਲੇ ਦੀ ਕਾਮਨਾ ਕੀਤੀ।ਇਸ ਤੋਂ ਇਲਾਵਾ ਸ਼ਰਧਾਲੂਆਂ ਵੱਲੋਂ ਥਾਂ-ਥਾਂ 'ਤੇ ਚਾਹ, ਮਠਿਆਈ, ਫਲ ਦੇ ਲੰਗਰ ਵੀ ਲਗਾਏ ਗਏ। ਡਿਪਟੀ ਕਮਿਸ਼ਨਰ ਨੇ ਮੇਲੇ ਵਿੱਚ ਜਿਲ੍ਹਾ ਪ੍ਰਸ਼ਾਸ਼ਨ ਦਾ ਸਹਿਯੋਗ ਕਰਨ ਲਈ ਤਹਿ ਦਿਲੋਂ ਧੰਨਵਾਦ ਕੀਤਾ।

---------------------------------------------------

ਪੰਜਾਬ ਦੇ ਸਮਾਜਿਕ ਸੁਰੱਖਿਆ ਅਤੇ ਔਰਤ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਏ ਕਿ ਬੋਲਣ ਤੇ ਸੁਣਣ ਤੋਂ ਅਸਮਰੱਥ ਲੋਕ ਵੀ ਸਾਡੇ ਸਮਾਜ ਦਾ ਇੱਕ ਅਹਿਮ ਹਿੱਸਾ ਨੇ, ਇਸ ਲਈ ਪੰਜਾਬ

ਸਰਕਾਰ ਸੰਕੇਤਿਕ ਭਾਸ਼ਾ ਨੂੰ ਵੀ ਪੂਰੀ ਤਰਜੀਹ ਦੇ ਰਹੀ ਏ ।

ਪਟਿਆਲਾ ਵਿਖੇ ਅੰਤਰ-ਰਾਸ਼ਟਰੀ ਸੰਕੇਤਿਕ ਭਾਸ਼ਾ ਦਿਵਸ ਮੌਕੇ ਰਾਜ ਪੱਧਰੀ ਸਮਾਗਮ ਵਿੱਚ ਸ਼ਿਰਕਤ ਕਰਦਿਆਂ ਡਾ. ਬਲਜੀਤ ਕੌਰ ਨੇ ਦੱਸਿਆ ਕਿ ਜਲਦੀ ਹੀ ਪੰਜਾਬ ਵਿਧਾਨ ਸਭਾ ਦੇ ਸਪੀਕਰ ਦੀ ਸਲਾਹ ਨਾਲ ਸਦਨ ਦੀ ਕਾਰਵਾਈ ਨੂੰ ਬੋਲਣ ਤੇ ਸੁਣਨ ਤੋਂ ਅਸਮਰਥ ਲੋਕਾਂ ਤੱਕ ਵੀ ਪਹੁੰਚਾਉਣ ਲਈ ਵਿਧਾਨ ਸਭਾ ਵਿੱਚ ਵੀ ਸੰਕੇਤਿਕ ਭਾਸ਼ਾ ਨੂੰ ਲਾਗੂ ਕੀਤਾ ਜਾਵੇਗਾ। ਇਸ ਤੋਂ ਬਿਨ੍ਹਾਂ ਅਜਿਹੇ ਲੋਕਾਂ ਨੂੰ ਇਨਸਾਫ਼ ਦਿਵਾਉਣ ਲਈ ਪੰਜਾਬ ਪੁਲਿਸ ਨੂੰ ਵੀ ਸੰਕੇਤਿਕ ਭਾਸ਼ਾ ਦੀ ਸਿਖਲਾਈ ਕਰਵਾਈ ਜਾਵੇਗੀ।

---------------------------------------------------

ਬਠਿੰਡਾ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਸੀ.ਆਰ.ਐਮ ਸਕੀਮ ਅਧੀਨ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਉਣ ਅਤੇ ਵੱਧ ਰਹੇ ਵਾਤਾਵਰਣ ਪ੍ਰਦੂਸ਼ਣ ਬਾਰੇ ਜਾਣੂ ਕਰਵਾਉਣ ਅਤੇ ਪ੍ਰਦੂਸ਼ਣ ਨੂੰ ਰੋਕਣ ਸਬੰਧੀ ਪ੍ਰੇਰਿਤ ਕਰਨ ਲਈ, ਸਰਕਾਰੀ ਹਾਈ ਸਕੂਲ ਸਰਦਾਰ-ਗੜ ਵਿਖੇ ਲੇਖ ਰਚਨਾ ਅਤੇ ਚਿੱਤਰਕਾਰੀ ਦੇ ਮੁਕਾਬਲੇ

ਕਰਵਾਏ ਗਏ। ਬੱਲੂਆਣਾ ਦੇ ਖੇਤੀਬਾੜੀ ਵਿਕਾਸ ਅਫ਼ਸਰ ਡਾ. ਲਵਪ੍ਰੀਤ ਕੌਰ ਨੇ ਪਰਾਲੀ ਨੂੰ ਸਾੜਨ ਦੀ ਬਜਾਏ ਖੇਤ ਵਿੱਚ ਵਾਹ ਕੇ ਕਣਕ ਦੀ ਬਿਜਾਈ ਕਰਨ ਦੇ ਲਾਭ ਅਤੇ ਪਰਾਲੀ ਨੂੰ ਸਾੜਨ ਦੇ ਨੁਕਸਾਨਾਂ ਬਾਰੇ ਜਾਣੂ ਕਰਵਾਇਆ। ਇਸਦੇ ਨਾਲ ਹੀ ਝੋਨੇ ਦੀ ਪਰਾਲੀ ਸਾੜਨ ਨਾਲ ਵਾਤਾਵਰਣ ਵਿੱਚ ਘੁਲ ਰਹੀਆਂ ਖਤਰਨਾਕ ਗੈਸਾਂ ਕਾਰਨ ਸਿਹਤ ਤੇ ਪੈ ਰਹੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਗਿਆ। ਡਾ. ਮਨਜਿੰਦਰ ਸਿੰਘ ਨੇ ਪਰਾਲੀ ਦੀ ਸਾਂਭ ਸੰਭਾਲ ਕਰਨ ਦੇ ਇਨ-ਸੀਟੂ ਅਤੇ ਐਕਸ-ਸੀਟੂ ਮੈਨੇਜਮੈਂਟ ਦੇ ਤਰੀਕਿਆਂ ਬਾਰੇ ਵਿਸਥਾਰ ਵਿੱਚ ਕਿਸਾਨਾਂ ਨੂੰ ਜਾਣੂ ਕਰਵਾਇਆ ਅਤੇ ਥੋੜ੍ਹੇ ਰਕਬੇ ਤੇ ਪਰਾਲੀ ਦੀ ਸੰਭਾਲ ਬਾਰੇ ਕੋਈ ਢੰਗ ਅਪਣਾਉਣ ਲਈ ਪ੍ਰੇਰਿਤ ਕੀਤਾ। ਇਸਦੇ ਨਾਲ ਹੀ ਪਰਾਲੀ ਨੂੰ ਜਮੀਨ ਵਿੱਚ ਵਾਹੁਣ ਨਾਲ ਜਮੀਨ ਦੇ ਲਾਭ ਅਤੇ ਇਸੇ ਤਰ੍ਹਾਂ ਕਰਦੇ ਰਹਿਣ ਨਾਲ ਕੁਝ ਸਾਲਾਂ ਬਾਅਦ ਖਾਦਾਂ ਦੇ ਖਰਚੇ ਨੂੰ ਘੱਟ ਕਰਨ ਬਾਰੇ ਸੰਪੂਰਨ ਗਲਬਾਤ ਕੀਤੀ ਗਈ।

---

**<u>ਆਖ਼ਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ</u>**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਨਿਊਯਾਰਕ ਵਿਖੇ ਅਮਰੀਕਾ ਦੀਆਂ ਵੱਡੀਆਂ ਤਕਨਾਲੋਜੀ ਕੰਪਨੀਆਂ ਦੇ ਮੁਖ ਕਾਰਜਕਾਰੀ ਅਧਿਕਾਰੀਆਂ ਨਾਲ ਗੋਲਮੇਜ਼ ਮੀਟਿੰਗ ਕਰਦਿਆਂ ਵੱਖ-ਵੱਖ ਖੇਤਰਾਂ ਵਿੱਚ ਸਹਿਯੋਗ ਵਧਾਉਣ ਦੀ ਅਪੀਲ ਕੀਤੀ।
- ਪੰਜਾਬ ਮੰਤਰੀ ਮੰਡਲ ਦਾ ਵਿਸਥਾਰ ਕਰਦਿਆਂ ਪੰਜ ਵਿਧਾਇਕਾਂ ਅਤੇ ਕੈਬਨਿਟ ਮੰਤਰੀਆਂ ਨੂੰ ਅਹੁਦੇ ਅਤੇ ਭੇਦ ਗੁਪਤ ਰੱਖਣ ਦੀ ਸਹੁੰ ਚੁਕਾਈ।
- ਕੇਂਦਰੀ ਯੁਵਾ ਮਾਮਲੇ ਅਤੇ ਖੇਡ ਮੰਤਰਾਲੇ ਦੇ ਸਕੱਤਰ ਮੀਤਾ ਰਾਜੀਵ-ਲੋਚਨ ਨੇ, ਮੋਹਾਲੀ ਵਿਖੇ "ਸਵੱਛਤਾ ਹੀ ਸੇਵਾ ਮੁਹਿੰਮ ਦੀ ਅਗਵਾਈ ਕੀਤੀ।
- ਆਯੁਸ਼ਮਾਨ ਭਾਰਤ - ਪ੍ਰਧਾਨ ਮੰਤਰੀ ਜਨ ਅਰੋਗਿਆ ਯੋਜਨਾ ਨੇ ਅੱਜ 6 ਸਾਲ ਪੂਰੇ ਕੀਤੇ ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ, 30 ਹੋਰ ਆਮ ਆਦਮੀ ਕਲੀਨਿਕ ਲੋਕਾਂ ਨੂੰ ਸਮਰਪਿਤ ਕੀਤੇ।